# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ  ਸਹਿ ਸੰਪਾਦਕ: ਨਵਜੋਤ ਬਿਲਿੰਗ  ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ  ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਡਾ. ਹਰਦੇਵ ਸਿੰਘ ਵਿਰਕ ਅਤੇ ਅਮਰਜੀਤ ਕੌਰ ਦੀਆਂ ਪੁਸਤਕਾਂ ਲੋਕ ਅਰਪਣ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 21 ਅਕਤੂਬਰ : ਕੇਂਦਰੀ ਪੰਜਾਬੀ ਲੇਖਕ ਸਭਾ (ਉੱਤਰੀ ਅਮਰੀਕਾ) ਵੱਲੋਂ ਨਾਮਵਰ ਵਿਗਿਆਨੀ ਅਤੇ ਉੱਘੇ ਸਿੱਖ ਵਿਦਵਾਨ ਡਾ. ਹਰਦੇਵ ਸਿੰਘ ਵਿਰਕ ਦੀ ਸਵੈ-ਜੀਵਨੀਨੁਮਾ ਪੁਸਤਕ 'ਪੈਰਿਸ ਤੋਂ ਪਟਿਆਲਾ' ਅਤੇ ਕਵਿੱਤਰੀ ਅਮਰਜੀਤ ਕੌਰ ਦੀ ਪੁਸਤਕ 'ਯਤਨ ਲੌਂਢੇ ਵੇਲੇ ਦੇ' ਲੋਕ ਅਰਪਣ ਕੀਤੀਆਂ ਗਈਆਂ। ਦੋਵਾਂ ਪੁਸਤਕਾਂ ਉੱਪਰ ਵਿਦਵਾਨਾਂ ਅਤੇ ਸਾਹਿਤਕਾਰਾਂ ਵੱਲੋਂ ਪੜ੍ਹੇ ਗਏ ਪਰਚਿਆਂ ਨੇ ਇਨ੍ਹਾਂ ਦੀ ਸਾਹਿਤਕ ਮਹੱਤਤਾ, ਜੀਵਨ ਅਨੁਭਵਾਂ ਦੀ ਡੂੰਘਾਈ ਅਤੇ ਸਮਾਜਿਕ ਸਰੋਕਾਰਾਂ ਨੂੰ ਉਭਾਰਦਿਆਂ ਸਰੋਤਿਆਂ ਨੂੰ ਵਿਚਾਰ-ਮੰਥਨ ਲਈ ਪ੍ਰੇਰਿਤ ਕੀਤਾ। ਡਾ. ਹਰਦੇਵ ਸਿੰਘ ਵਿਰਕ ਦੀ ਪੁਸਤਕ 'ਪੈਰਿਸ ਤੋਂ ਪਟਿਆਲਾ' ਬਾਰੇ ਸਭਾ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਗਿੱਲ, ਡਾ. ਰਣਜੀਤ ਸਿੰਘ ਪੰਨੂ, ਕਵਿੰਦਰ ਚਾਂਦ, ਪ੍ਰੋ. ਕੁਲਵੰਤ ਸਿੰਘ ਥਿੰਦ ਅਤੇ ਡਾ. ਵਿਰਕ ਦੇ ਜਮਾਤੀ ਮਾਸਟਰ ਅਮਰੀਕ ਸਿੰਘ ਲੇਹਲ ਨੇ ਆਪਣੇ ਵਿਚਾਰ ਪੇਸ਼ ਕੀਤੇ। ਬੁਲਾਰਿਆਂ ਨੇ ਪੁਸਤਕ ਦੇ ਵੱਖ-ਵੱਖ ਪੱਖਾਂ ਦੀ ਪੜਚੋਲ ਕਰਦਿਆਂ ਇਸ ਨੂੰ ਲੇਖਕ ਦੇ ਜੀਵਨ-ਸਫ਼ਰ, ਸੰਘਰਸ਼ਾਂ, ਪ੍ਰਾਪਤੀਆਂ ਅਤੇ ਅਨੁਭਵਾਂ ਦਾ ਦਿਲਚਸਪ ਦਸਤਾਵੇਜ਼ ਕਰਾਰ ਦਿੱਤਾ। ਮਾਸਟਰ ਅਮਰੀਕ ਸਿੰਘ ਲੇਹਲ ਨੇ ਆਪਣੇ ਜਮਾਤੀ ਡਾ. ਵਿਰਕ ਨਾਲ ਜੁੜੀਆਂ ਯਾਦਾਂ ਸਾਂਝੀਆਂ ਕਰਕੇ ਚਰਚਾ ਨੂੰ ਨਿੱਘ ਅਤੇ ਸਹਿਜਤਾ ਪ੍ਰਦਾਨ ਕੀਤੀ।




ਬੁਲਾਰਿਆਂ ਨੇ ਡਾ. ਵਿਰਕ ਦੀਆਂ ਵਿਗਿਆਨਕ, ਬੌਧਿਕ ਅਤੇ ਸਾਹਿਤਕ ਪ੍ਰਾਪਤੀਆਂ ਦੀ ਭਰਪੂਰ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸਮੁੱਚੀ ਕੌਮ ਦਾ ਮਾਣ ਦੱਸਿਆ। ਉਨ੍ਹਾਂ ਅਨੁਸਾਰ, 'ਪੈਰਿਸ ਤੋਂ ਪਟਿਆਲਾ' ਕੇਵਲ ਇੱਕ ਵਿਅਕਤੀ ਦੇ ਜੀਵਨ ਦੀ ਕਹਾਣੀ ਨਹੀਂ, ਸਗੋਂ ਸੰਘਰਸ਼, ਸਵੈ-ਵਿਸ਼ਵਾਸ, ਗਿਆਨ ਦੀ ਸਾਧਨਾ ਅਤੇ ਜੀਵਨ ਨੂੰ ਨੇੜਿਓਂ ਸਮਝਣ ਦਾ ਅਨੁਭਵ ਵੀ ਹੈ। ਪੁਸਤਕ ਵਿੱਚ ਦਰਜ ਬੇਬਾਕ, ਸਪੱਸ਼ਟ ਅਤੇ ਅਣਕਹੇ ਪੱਖਾਂ ਦੀ ਵਿਸ਼ੇਸ਼ ਤੌਰ 'ਤੇ ਪ੍ਰਸ਼ੰਸਾ ਕੀਤੀ ਗਈ। ਬੁਲਾਰਿਆਂ ਨੇ ਕਿਹਾ ਕਿ ਡਾ. ਵਿਰਕ ਨੇ ਆਪਣੇ ਜੀਵਨ ਦੇ ਤਜਰਬਿਆਂ ਨੂੰ ਜਿਸ ਨਿਡਰਤਾ ਅਤੇ ਇਮਾਨਦਾਰੀ ਨਾਲ ਕਲਮਬੱਧ ਕੀਤਾ ਹੈ, ਉਹ ਪਾਠਕਾਂ ਨੂੰ ਉਨ੍ਹਾਂ ਦੀ ਸ਼ਖ਼ਸੀਅਤ ਨਾਲ ਜੋੜਨ ਦੇ ਨਾਲ-ਨਾਲ ਜੀਵਨ ਅਤੇ ਸਮਾਜ ਨੂੰ ਨਵੇਂ ਦ੍ਰਿਸ਼ਟੀਕੋਣ ਤੋਂ ਦੇਖਣ ਦੀ ਸੂਝ ਵੀ ਪ੍ਰਦਾਨ ਕਰਦਾ ਹੈ।

ਕਵਿੱਤਰੀ ਅਮਰਜੀਤ ਕੌਰ ਦੀ ਪੁਸਤਕ 'ਯਤਨ ਲੌਂਢੇ ਵੇਲੇ ਦੇ' ਉੱਪਰ ਪਲਵਿੰਦਰ ਸਿੰਘ ਰੰਧਾਵਾ, ਜਸਵੰਤ ਕੌਰ ਰਾਣਾ, ਹਰਦਮ ਮਾਨ ਅਤੇ ਸੁਰਜੀਤ ਸਿੰਘ ਮਾਧੋਪੁਰੀ ਨੇ ਆਪਣੇ ਪਰਚੇ ਪੜ੍ਹੇ। ਬੁਲਾਰਿਆਂ ਨੇ ਪੁਸਤਕ ਵਿੱਚ ਸਮਾਜਿਕ ਸਰੋਕਾਰਾਂ, ਜੀਵਨ ਦੇ ਵਿਭਿੰਨ ਅਨੁਭਵਾਂ ਅਤੇ ਮਨੁੱਖੀ ਮਨ ਦੀਆਂ ਸੰਵੇਦਨਾਵਾਂ ਨੂੰ ਸ਼ਬਦਾਂ ਵਿੱਚ ਢਾਲਣ ਦੇ ਲੇਖਿਕਾ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪੁਸਤਕ ਦੀ ਵਿਸ਼ਾ-ਵਸਤੂ ਅਤੇ ਪੇਸ਼ਕਾਰੀ ਪਾਠਕਾਂ ਨੂੰ ਮਨੁੱਖੀ ਰਿਸ਼ਤਿਆਂ, ਸਮਾਜਿਕ ਹਕੀਕਤਾਂ ਅਤੇ ਜੀਵਨ ਦੇ ਅਨੇਕਾਂ ਪੱਖਾਂ ਬਾਰੇ ਸੋਚਣ ਲਈ ਪ੍ਰੇਰਿਤ ਕਰਦੀ ਹੈ।

ਆਪਣੇ ਵਿਚਾਰ ਸਾਂਝੇ ਕਰਦਿਆਂ ਡਾ. ਹਰਦੇਵ ਸਿੰਘ ਵਿਰਕ ਨੇ ਆਪਣੇ ਮੁੱਢਲੇ ਸੰਘਰਸ਼ਮਈ ਜੀਵਨ, ਸਿੱਖਿਆ ਅਤੇ ਜੀਵਨ ਭਰ ਦੇ ਤਜਰਬਿਆਂ ਬਾਰੇ ਵਿਸਥਾਰ ਨਾਲ ਗੱਲਬਾਤ ਕੀਤੀ। ਉਨ੍ਹਾਂ ਦੇ ਜੀਵਨ ਨਾਲ ਜੁੜੇ ਅਨੁਭਵਾਂ ਨੇ ਸਰੋਤਿਆਂ ਨੂੰ ਵਿਸ਼ੇਸ਼ ਤੌਰ 'ਤੇ ਪ੍ਰਭਾਵਿਤ ਕੀਤਾ। ਦੂਜੇ ਪਾਸੇ, ਕਵਿੱਤਰੀ ਅਮਰਜੀਤ ਕੌਰ ਨੇ ਆਪਣੀ ਸਿਰਜਣਾਤਮਕ ਯਾਤਰਾ ਦੇ ਪਿਛੋਕੜ ਬਾਰੇ ਦੱਸਿਆ ਕਿ ਕਾਲਜ ਦੇ ਸਮੇਂ ਤੋਂ ਹੀ ਉਨ੍ਹਾਂ ਨੂੰ ਲਿਖਣ ਦਾ ਸ਼ੌਕ ਸੀ, ਪਰ ਕੁਝ ਮਜਬੂਰੀਆਂ ਕਾਰਨ ਉਹ ਲੰਮਾ ਸਮਾਂ ਸਾਹਿਤਕ ਲੇਖਣੀ ਤੋਂ ਦੂਰ ਰਹੇ। ਕੈਨੇਡਾ ਆ ਕੇ ਸਾਹਿਤਕ ਸਭਾਵਾਂ ਵਿੱਚ ਮਿਲੇ ਉਸਾਰੂ ਮਾਹੌਲ ਨੇ ਉਨ੍ਹਾਂ ਦੀ ਕਲਮ ਨੂੰ ਮੁੜ ਸਰਗਰਮ ਕੀਤਾ ਅਤੇ 'ਯਤਨ ਲੌਂਢੇ ਵੇਲੇ ਦੇ' ਇਸੇ ਸਿਰਜਣਾਤਮਕ ਸਫ਼ਰ ਦਾ ਨਤੀਜਾ ਹੈ।

ਮੀਟਿੰਗ ਦੀ ਪ੍ਰਧਾਨਗੀ ਸਭਾ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਗਿੱਲ, ਲੇਖਿਕਾ ਅਮਰਜੀਤ ਕੌਰ ਅਤੇ ਡਾ. ਹਰਦੇਵ ਸਿੰਘ ਵਿਰਕ ਨੇ ਕੀਤੀ। ਸ਼ੁਰੂਆਤ ਵਿਚ ਪੰਜਾਬੀ ਦੇ ਉੱਘੇ ਵਿਅੰਗਕਾਰ ਅਤੇ ਪੰਜਾਬੀ ਹਾਸ-ਵਿਅੰਗ ਅਕਾਦਮੀ (ਅੰਤਰਰਾਸ਼ਟਰੀ) ਦੇ ਪ੍ਰਧਾਨ ਕੇ. ਐਲ. ਗਰਗ ਦੇ ਬੇਵਕਤ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕਰਨ ਨਾਲ ਹੋਈ। ਜਸਵੀਰ ਸਿੰਘ ਭਲੂਰੀਆ ਨੇ ਕੇ. ਐਲ. ਗਰਗ ਦੀ ਸ਼ਖ਼ਸੀਅਤ ਅਤੇ ਪੰਜਾਬੀ ਸਾਹਿਤ ਵਿੱਚ ਉਨ੍ਹਾਂ ਦੇ ਯੋਗਦਾਨ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।

ਉਪਰੰਤ ਹੋਏ ਕਵੀ ਦਰਬਾਰ ਵਿੱਚ ਵਿੱਚ ਬੇਅੰਤ ਸਿੰਘ ਢਿੱਲੋਂ, ਬਲਬੀਰ ਸਿੰਘ ਸੰਘਾ, ਜਸਵੀਰ ਸਿੰਘ ਭਲੂਰੀਆ, ਪਰਮਿੰਦਰ ਸਵੈਚ, ਦਵਿੰਦਰ ਕੌਰ ਜੌਹਲ, ਹਰਚੰਦ ਸਿੰਘ ਗਿੱਲ, ਸ਼ਾਨ ਗਿੱਲ, ਮਨਜੀਤ ਸਿੰਘ ਮੱਲ੍ਹਾ, ਰਾਜਿੰਦਰ ਸਿੰਘ ਬੈਂਸ, ਗੁਰਦਰਸ਼ਨ ਮਠਾੜੂ, ਦਰਸ਼ਨ ਸਿੰਘ ਸੰਘਾ, ਗੁਰਮਿੰਦਰ ਕੌਰ ਸਿੱਧੂ, ਇੰਦਰਜੀਤ ਸਿੰਘ ਧਾਮੀ, ਪਵਨ ਭੰਮੀਆਂ, ਹਰਚਰਨ ਸਿੰਘ ਸੰਧੂ (ਪੀ.ਸੀ.ਐਸ.), ਵੀਤ ਬਾਦਸ਼ਾਹਪੁਰੀ, ਰਣਜੀਤ ਸਿੰਘ ਨਿੱਝਰ ਅਤੇ ਕੁਲਦੀਪ ਸਿੰਘ ਜਗਪਾਲ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਡਾ. ਬਲਦੇਵ ਸਿੰਘ ਖਹਿਰਾ ਨੇ ਆਪਣੀ ਮਿੰਨੀ ਕਹਾਣੀ ਰਾਹੀਂ ਸਰੋਤਿਆਂ ਨਾਲ ਸਾਂਝ ਪਾਈ। ਇਸੇ ਦੌਰਾਨ ਲੋਕ ਗਾਇਕ ਅਤੇ ਲੇਖਕ ਬਲਬੀਰ ਸ਼ੇਰਪੁਰੀ, ਸੁਰਜੀਤ ਸਿੰਘ ਮਾਧੋਪੁਰੀ ਅਤੇ ਪਲਵਿੰਦਰ ਸਿੰਘ ਰੰਧਾਵਾ ਨੇ ਆਪਣੇ ਸੁਰੀਲੇ ਗੀਤਾਂ ਨਾਲ ਸਮਾਗਮ ਦੇ ਮਾਹੌਲ ਨੂੰ ਸੰਗੀਤਮਈ ਬਣਾ ਦਿੱਤਾ।

ਅੰਤ ਵਿੱਚ ਸਭਾ ਵੱਲੋਂ ਦੋਵਾਂ ਲੇਖਕਾਂ ਦਾ ਸਨਮਾਨ ਕੀਤਾ ਗਿਆ। ਪ੍ਰਧਾਨ ਪ੍ਰਿਤਪਾਲ ਸਿੰਘ ਗਿੱਲ ਨੇ ਡਾ. ਹਰਦੇਵ ਸਿੰਘ ਵਿਰਕ ਅਤੇ ਅਮਰਜੀਤ ਕੌਰ ਨੂੰ ਪੁਸਤਕਾਂ ਦੇ ਪ੍ਰਕਾਸ਼ਨ ਲਈ ਵਧਾਈ ਦਿੱਤੀ ਅਤੇ ਮੀਟਿੰਗ ਵਿੱਚ ਸ਼ਾਮਲ ਹੋਏ ਲੇਖਕਾਂ, ਵਿਦਵਾਨਾਂ ਤੇ ਸਰੋਤਿਆਂ ਦਾ ਧੰਨਵਾਦ ਕੀਤਾ। ਪਲਵਿੰਦਰ ਸਿੰਘ ਰੰਧਾਵਾ ਨੇ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਬਾਖ਼ੂਬੀ ਨਿਭਾਈ।

## 'ਇਨਲਿਸਟਮੈਂਟ-ਆਊਟਸੋਰਸ ਤਾਲਮੇਲ ਕਮੇਟੀ ਪੰਜਾਬ' ਨੇ ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਤਹਿਸੀਲ ਪੱਧਰ ਤੇ ਕੀਤਾ ਰੋਸ਼ ਪ੍ਰਦਰਸ਼ਨ :- ਤਰਸੇਮ ਸਿੰਘ ਪੱਖੀ

ਵਰਲਡ ਪੰਜਾਬੀ ਟਾਈਮਜ਼ ਸ਼ਿਵਨਾਥ




ਫ਼ਰੀਦਕੋਟ 21 ਅਕਤੂਬਰ : 25 ਅਕਤੂਬਰ ਨੂੰ ਮੁੱਖ ਮੰਤਰੀ ਦੇ ਹਲਕੇ ਧੂਰੀ 'ਚ ਪਰਿਵਾਰਾਂ-ਬੱਚਿਆਂ ਸਮੇਤ ਸੂਬਾ ਪੱਧਰੀ ਰੋਸ਼ ਰੈਲੀ ਕਰਕੇ ਤਿੱਖੇ ਸੰਘਰਸ਼ ਦਾ ਐਲਾਨ ਤਰਸੇਮ ਸਿੰਘ ਪੱਖੀ ਖੁਰਦ, ਗੁਰਪ੍ਰੀਤ ਸਿੰਘ ਫਰੀਦਕੋਟ 20 ਅਕਤੂਬਰ ਨੂੰ ਪੰਜਾਬ ਸਰਕਾਰ ਦੀ ਕੈਬਨਿਟ-ਸਬ-ਕਮੇਟੀ ਦੇ ਚੇਅਰਮੈਨ – ਕਮ-ਵਿੱਤ ਮੰਤਰੀ ਨਾਲ 15 ਅਕਤੂਬਰ ਨੂੰ ਹੋਈ 'ਪੈਨਲ ਮੀਟਿੰਗ' 'ਚ ਬਣੀ ਸਹਿਮਤੀ ਮੁਤਾਬਿਕ ਇਨਲਿਸਟਮੈਂਟ ਅਤੇ ਆਊਟਸੋਰਸ ਕਾਮਿਆਂ ਨੂੰ ਪੰਜਾਬ ਰਾਜ ਆਊਟਸੋਰਸ ਪਰਸੋਨਲ (ਕੰਟਰੈਕਟੂਅਲ ਇੰਗੇਜਮੈਂਟ ਵਿੱਚ ਤਬਦੀਲੀ) ਬਿੱਲ- 2026 ਅਧੀਨ ਦੀਵਾਲੀ ਤੋਂ ਪਹਿਲਾਂ 'ਜੁਆਨਿੰਗ-ਪੱਤਰ' ਦੇਣ ਤੋਂ ਮੁਕਰਨ ਦੇ ਰੋਸ਼ ਸਵਰੂਪ ਵਜੋਂ 'ਇਨਲਿਸਟਮੈਂਟ-ਆਊਟਸੋਰਸ ਤਾਲਮੇਲ ਕਮੇਟੀ ਪੰਜਾਬ' ਦੇ ਫੈਸਲੇ ਤਹਿਤ ਅੱਜ ਦੁਸ਼ਿਹਰੇ ਦੇ ਤਿਉਹਾਰ ਤੇ ਅੱਜ ਇਥੇ ਫਰੀਦਕੋਟ ਵਿਖੇ ਠੇਕਾ ਮੁਲਾਜਮਾਂ ਵੱਲੋਂ ਤਹਿਸੀਲ ਪੱਧਰ ਤੇ ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਪ੍ਰਦਰਸ਼ਨ ਕੀਤਾ ਗਿਆ ਅਤੇ ਜੰਮ ਕੇ ਨਾਅਰੇਬਾਜੀ ਕੀਤੀ ਗਈ।

ਅੱਜ ਇਥੇ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ ਰਜਿ ਨੰ 31 ਜ਼ਿਲਾ ਫਰੀਦਕੋਟ ਜਿਲਾ ਪ੍ਰਧਾਨ ਤਰਸੇਮ ਸਿੰਘ ਪੱਖੀ ਖੁਰਦ, ਜਰਨਲ ਸਕੱਤਰ ਗੁਰਤੇਜ ਸਿੰਘ ਔਲਖ, ਧਰਮਵੀਰ ਸਿੰਘ, ਮਹਿਲ ਸਿੰਘ, ਬਲਵਿੰਦਰ ਸਿੰਘ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ 15 ਅਕਤੂਬਰ 2026 ਨੂੰ ਕੈਬਨਿਟ ਸਬ ਕਮੇਟੀ ਦੇ ਚੇਅਰਮੈਨ ਕਮ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਹੋਈ ਪੈਨਲ ਮੀਟਿੰਗ 'ਚ ਬਣੀ ਸਹਿਮਤੀ ਅਨੁਸਾਰ ਦੀਵਾਲੀ ਤੋਂ ਪਹਿਲਾਂ ਜਲ ਸਪਲਾਈ ਅਤੇ ਸੈਨੀਟੇਸ਼ਨ, ਮਾਲ ਤੇ ਮੁੜ ਵਸੇਬਾ, ਮਾਰਕਫੈਡ, ਕੋਆਪ੍ਰੇਟਿਵ ਬੈਂਕ, ਸਹਿਕਾਰਤਾ ਵਿਭਾਗ (ਵੇਰਕਾ), ਵੇਅਰਹਾਊਸ, ਪੀ.ਡਬਲਯੂ.ਡੀ.ਇਲੈਕਟਰਿਕ ਵਿੰਗ ਵਿੱਚ ਬਤੌਰ ਇੰਨਲਿਸਟਮੈਂਟ, ਆਊਟਸੋਰਸ, ਕੰਪਨੀਆਂ, ਠੇਕੇਦਾਰਾਂ, ਸੁਸਾਇਟੀਆਂ ਆਦਿ ਵੱਖ-ਵੱਖ ਕੈਟਾਗਿਰੀਆਂ ਅਧੀਨ ਲਗਾਤਾਰ ਸੇਵਾਵਾਂ ਦੇ ਰਹੇ ਸਮੂਹ ਠੇਕਾ ਮੁਲਾਜ਼ਮਾਂ ਨੂੰ ਪੰਜਾਬ ਰਾਜ ਆਊਟਸੋਰਸ ਪਰਸੋਨਲ (ਕੰਟਰੈਕਟੂਅਲ ਇੰਗੇਜਮੈਂਟ ਵਿੱਚ ਤਬਦੀਲੀ) ਬਿੱਲ- 2026 ਅਧੀਨ 'ਜੁਆਨਿੰਗ-ਪੱਤਰ' ਸਬੰਧਤ ਵਿਭਾਗੀ ਅਧਿਕਾਰੀ ਚਿੱਠੀ ਜਾਰੀ ਨਾਂ ਕਰਕੇ ਪੰਜਾਬ ਸਰਕਾਰ ਆਪਣੇ ਵਾਅਦੇ ਤੋਂ ਭੱਜ ਚੁੱਕੀ ਹੈ ਅਤੇ ਲਾਰੇ ਲਗਾ ਕੇ ਸਮਾਂ ਬਤੀਤ ਕੀਤਾ ਜਾ ਰਿਹਾ ਹੈ, ਜਿਸਦੇ ਕਾਰਨ ਠੇਕਾ ਮੁਲਾਜਮਾਂ ਵਿੱਚ ਭਾਰੀ ਰੋਸ਼ ਪਾਇਆ ਜਾ ਰਿਹਾ ਹੈ ਅਤੇ ਤਿੱਖੇ ਸੰਘਰਸ਼ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ। ਇਸਦੇ ਨਾਲ ਹੀ ਐਲਾਨ ਕੀਤਾ ਗਿਆ ਕਿ ਇਨਲਿਸਟਮੈਂਟ-ਆਊਟਸੋਰਸ ਤਾਲਮੇਲ ਕਮੇਟੀ 'ਚ ਸ਼ਾਮਲ ਵਿਭਾਗਾਂ ਦੇ ਇਨਲਿਸਟਮੈਂਟ ਅਤੇ ਆਊਟਸੋਰਸ ਕਾਮਿਆਂ ਨੂੰ ਪੰਜਾਬ ਰਾਜ ਆਊਟਸੋਰਸ ਪਰਸੋਨਲ ਬਿੱਲ- 2026 ਅਧੀਨ ਬਿਨਾ ਸ਼ਰਤ ਤੁਰੰਤ 'ਜੁਆਨਿੰਗ-ਪੱਤਰ' ਦਿੱਤੇ ਜਾਣ। ਘੱਟੋ-ਘੱਟ ਉਜਰਤ ਦੇ ਕਾਨੂੰ 1948 ਵਿੱਚ 15ਵੀਂ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਨੂੰ ਸ਼ਾਮਲ ਕਰਕੇ ਤਨਖਾਹ ਤੈਅ ਕੀਤੀ ਜਾਵੇ, ਈ.ਪੀ.ਐਫ. ਅਤੇ ਈ.ਐਸ.ਆਈ. ਸਹੂਲਤਾਂ ਲਾਗੂ ਕਰਨ ਸਮੇਤ 'ਮੰਗ-ਪੱਤਰ' ਵਿੱਚ ਦਰਜ ਮੰਗਾਂ-ਮਸਲਿਆਂ ਨੂੰ ਤੁਰੰਤ ਪ੍ਰਭਾਵ ਨਾਲ ਹੱਲ ਕੀਤਾ ਜਾਵੇ। ਜੇਕਰ ਇਨ੍ਹਾਂ ਮੰਗਾਂ ਦਾ ਹੱਲ ਨਹੀਂ ਕੀਤਾ ਗਿਆ ਤਾਂ 'ਇੰਨਲਿਸਟਮੈਂਟ-ਆਊਟਸੋਰਸ ਤਾਲਮੇਲ ਕਮੇਟੀ ਪੰਜਾਬ' ਦੇ ਬੈਨਰ ਹੇਠ ਮਿਤੀ 25 ਅਕਤੂਬਰ 2026 ਨੂੰ ਮੁੱਖ ਮੰਤਰੀ, ਪੰਜਾਬ ਸਰਕਾਰ ਦੇ ਧੂਰੀ ਹਲਕੇ ਵਿਚ 'ਸੂਬਾ ਪੱਧਰੀ ਰੋਸ਼ ਰੈਲੀ ਵਿਚ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ ਰਜਿ ਨੰ 31 ਜ਼ਿਲਾ ਜ਼ਿਲਾ ਫਰੀਦਕੋਟ ਪਰਿਵਾਰਾਂ ਅਤੇ ਬੱਚਿਆਂ ਸਮੇਤ ਸ਼ਾਮਲ ਹੋਣਗੇ ਜੀ ਮੰਗਾਂ ਦਾ ਹੱਲ ਕਰਵਾਉਣ ਤੱਕ ਅੰਦੋਲਨ ਨੂੰ ਜਾਰੀ ਰੱਖਿਆ ਜਾਵੇਗਾ।

## ਵੈਨਕੂਵਰ ਵਿਚਾਰ ਮੰਚ ਵੱਲੋਂ ਨੌਜਵਾਨ ਸ਼ਾਇਰ ਸੁਖਪ੍ਰੀਤ ਬਰਾੜ ਦੇ ਸਨਮਾਨ ਵਿੱਚ ਸਾਹਿਤਕ ਮਿਲਣੀ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ



ਸਰੀ, 21 ਅਕਤੂਬਰ : ਵੈਨਕੂਵਰ ਵਿਚਾਰ ਮੰਚ (ਰਜਿ.) ਵੱਲੋਂ ਬੀਤੇ ਦਿਨੀਂ ਨੌਜਵਾਨ ਪੰਜਾਬੀ ਸ਼ਾਇਰ ਸੁਖਪ੍ਰੀਤ ਬਰਾੜ ਦੇ ਸਨਮਾਨ ਵਿੱਚ ਲਵਲੀ ਰੈਸਟੋਰੈਂਟ ਸਰੀ ਵਿਖੇ ਇੱਕ ਸਾਹਿਤਕ ਮਿਲਣੀ ਕਰਵਾਈ ਗਈ। ਇਸ ਮੌਕੇ ਹਾਜਰ ਸਾਹਿਤਕਾਰਾਂ ਨੇ ਸੁਖਪ੍ਰੀਤ ਬਰਾੜ ਦੀ ਕਾਵਿਕ ਪ੍ਰਤਿਭਾ ਅਤੇ ਪੰਜਾਬੀ ਸਾਹਿਤ ਪ੍ਰਤੀ ਉਸ ਦੇ ਜਜ਼ਬੇ ਦੀ ਸ਼ਲਾਘਾ ਕਰਦਿਆਂ ਉਸ ਨੂੰ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ।

ਮਿਲਣੀ ਦੌਰਾਨ ਹਾਜਰ ਲੇਖਕਾਂ ਦਾ ਸਵਾਗਤ ਕਰਦਿਆਂ ਮੰਚ ਦੇ ਬੁਲਾਰੇ ਮੋਹਨ ਗਿੱਲ ਨੇ ਦੱਸਿਆ ਕਿ ਸੁਖਪ੍ਰੀਤ ਬਰਾੜ ਪਿਛਲੇ ਡੇਢ ਸਾਲ ਤੋਂ ਸਰੀ ਵਿੱਚ ਰਹਿ ਰਿਹਾ ਹੈ ਅਤੇ ਹੁਣ ਆਉਣ ਵਾਲੇ ਦਿਨਾਂ ਵਿੱਚ ਆਪਣੇ ਵਤਨ ਪੰਜਾਬ ਪਰਤ ਰਿਹਾ ਹੈ। ਇਸ ਸਮੇਂ ਦੌਰਾਨ ਉਸ ਨੇ ਸਰੀ ਅਤੇ ਵੈਨਕੂਵਰ ਇਲਾਕੇ ਦੀਆਂ ਵੱਖ-ਵੱਖ ਸਾਹਿਤਕ ਸਰਗਰਮੀਆਂ ਵਿੱਚ ਸਰਗਰਮੀ ਨਾਲ ਸ਼ਮੂਲੀਅਤ ਕੀਤੀ ਅਤੇ ਆਪਣੀ ਕਾਵਿਕ ਪ੍ਰਤਿਭਾ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਅਜਿਹੀਆਂ ਸਾਹਿਤਕ ਮਿਲਣੀਆਂ ਨਵੇਂ ਲੇਖਕਾਂ ਨੂੰ ਉਤਸ਼ਾਹਿਤ ਕਰਨ ਅਤੇ ਸਾਹਿਤਕ ਸਾਂਝ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।

ਇਸ ਮੌਕੇ ਆਪਣੇ ਵਿਚਾਰ ਸਾਂਝੇ ਕਰਦਿਆਂ ਸੁਖਪ੍ਰੀਤ ਬਰਾੜ ਨੇ ਕਿਹਾ ਕਿ ਪਿਛਲੇ ਡੇਢ ਸਾਲ ਦੌਰਾਨ ਉਸ ਨੂੰ ਸਰੀ ਦੇ ਵੱਖ-ਵੱਖ ਸਾਹਿਤਕ ਸਮਾਗਮਾਂ ਅਤੇ ਲੇਖਕ ਮਿਲਣੀਆਂ ਵਿੱਚ ਸ਼ਾਮਲ ਹੋਣ ਦਾ ਮੌਕਾ ਮਿਲਿਆ, ਜਿਸ ਤੋਂ ਉਸ ਨੂੰ ਬਹੁਤ ਕੁਝ ਸਿੱਖਣ ਨੂੰ ਮਿਲਿਆ। ਉਸ ਦੇ ਕਹਿਣ ਅਨੁਸਾਰ, ਸਾਹਿਤਕ ਰਚਨਾ ਲੇਖਕ ਦੀ ਸ਼ਖ਼ਸੀਅਤ ਦਾ ਸ਼ੀਸ਼ਾ ਹੁੰਦੀ ਹੈ, ਜਿਸ ਵਿੱਚੋਂ ਉਸ ਦੀ ਸੋਚ, ਸੰਵੇਦਨਾ ਅਤੇ ਜੀਵਨ ਪ੍ਰਤੀ ਨਜ਼ਰੀਆ ਸਪੱਸ਼ਟ ਰੂਪ ਵਿੱਚ ਝਲਕਦਾ ਹੈ। ਉਸ ਨੇ ਕਿਹਾ ਕਿ ਪੰਜਾਬ ਵਿੱਚ ਰਹਿੰਦਿਆਂ ਜਿਨ੍ਹਾਂ ਲੇਖਕਾਂ ਅਤੇ ਸ਼ਾਇਰਾਂ ਨੂੰ ਉਹ ਪੜ੍ਹਦਾ ਤੇ ਸੁਣਦਾ ਰਿਹਾ ਸੀ, ਉਨ੍ਹਾਂ ਨੂੰ ਸਰੀ ਵਿੱਚ ਮਿਲਣਾ ਅਤੇ ਉਨ੍ਹਾਂ ਨਾਲ ਵਿਚਾਰ-ਵਟਾਂਦਰਾ ਕਰਨਾ ਉਸ ਲਈ ਬੇਹੱਦ ਖ਼ੁਸ਼ੀ ਵਾਲਾ ਅਨੁਭਵ ਰਿਹਾ। ਇੱਥੋਂ ਦੇ ਸਾਹਿਤਕਾਰਾਂ ਨੇ ਉਸ ਨੂੰ ਜਿਸ ਪਿਆਰ, ਸਤਿਕਾਰ ਅਤੇ ਅਪਣੱਤ ਨਾਲ ਨਿਵਾਜਿਆ, ਉਸ ਨੂੰ ਉਹ ਹਮੇਸ਼ਾ ਯਾਦ ਰੱਖੇਗਾ। ਉਸ ਨੇ ਇਹ ਵੀ ਮਹਿਸੂਸ ਕੀਤਾ ਕਿ ਇੱਥੋਂ ਦੀਆਂ ਸਾਹਿਤਕ ਸਰਗਰਮੀਆਂ ਵਿੱਚ ਸ਼ਮੂਲੀਅਤ ਨਾਲ ਉਸ ਦੀ ਕਾਵਿਕ ਪ੍ਰਤਿਭਾ ਵਿੱਚ ਨਿਖਾਰ ਆਇਆ ਹੈ। ਇਸ ਲਈ ਉਸ ਨੇ ਸਰੀ ਦੇ ਸਾਹਿਤਕਾਰਾਂ ਪ੍ਰਤੀ ਡੂੰਘੀ ਸ਼ੁਕਰਗੁਜ਼ਾਰੀ ਦਾ ਪ੍ਰਗਟਾਵਾ ਕੀਤਾ।

ਸੁਖਪ੍ਰੀਤ ਬਰਾੜ ਨਾਲ ਆਪਣੀ ਦੋਸਤੀ ਅਤੇ ਸਾਂਝ ਦਾ ਜ਼ਿਕਰ ਕਰਦਿਆਂ ਜਸਵੀਰ ਭਲੂਰੀਆ ਨੇ ਉਸ ਨੂੰ ਮਿਲਣਸਾਰ, ਸਨੇਹੀ ਅਤੇ ਪ੍ਰਤਿਭਾਸ਼ਾਲੀ ਨੌਜਵਾਨ ਸ਼ਾਇਰ ਦੱਸਿਆ। ਇਸੇ ਤਰ੍ਹਾਂ ਨਿਰੰਜਨ ਲਹਿਲ, ਅੰਗਰੇਜ਼ ਬਰਾੜ ਅਤੇ ਹਰਦਮ ਸਿੰਘ ਮਾਨ ਨੇ ਵੀ ਸੁਖਪਰੀਤ ਦੇ ਸੁਹਿਰਦ ਸੁਭਾਅ, ਮਿਲਾਪੜੇਪਣ ਅਤੇ ਸਾਹਿਤਕ ਰੁਚੀਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਆਸ ਪ੍ਰਗਟਾਈ ਕਿ ਉਹ ਆਪਣੀ ਸਿਰਜਣਾਤਮਕ ਸਮਰੱਥਾ ਨੂੰ ਹੋਰ ਨਿਖਾਰਦਿਆਂ ਪੰਜਾਬੀ ਸਾਹਿਤ ਦੇ ਖੇਤਰ ਵਿੱਚ ਨਵੀਆਂ ਪੈੜਾਂ ਪਾਵੇਗਾ।

ਮਿਲਣੀ ਦੇ ਅੰਤ ਵਿੱਚ ਵੈਨਕੂਵਰ ਵਿਚਾਰ ਮੰਚ ਵੱਲੋਂ ਸੁਖਪ੍ਰੀਤ ਬਰਾੜ ਨੂੰ ਪਲੈਕ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਉਸ ਦੀ ਵਤਨ ਵਾਪਸੀ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਹਾਜਰ ਸਾਹਿਤਕਾਰਾਂ ਨੇ ਉਮੀਦ ਜ਼ਾਹਰ ਕੀਤੀ ਕਿ ਸੁਖਪ੍ਰੀਤ ਭਵਿੱਖ ਵਿੱਚ ਵੀ ਪੰਜਾਬੀ ਕਵਿਤਾ ਅਤੇ ਗੀਤਕਾਰੀ ਦੇ ਖੇਤਰ ਵਿੱਚ ਆਪਣੀਆਂ ਸਾਰਥਕ ਤੇ ਨਿੱਗਰ ਰਚਨਾਵਾਂ ਰਾਹੀਂ ਯੋਗਦਾਨ ਪਾਉਂਦਾ ਰਹੇਗਾ ਅਤੇ ਆਪਣੀ ਕਲਮ ਨਾਲ ਪੰਜਾਬੀ ਸਾਹਿਤ ਦੇ ਵਿਹੜੇ ਨੂੰ ਹੋਰ ਰੌਸ਼ਨ ਕਰੇਗਾ। ਇਸ ਸਾਹਿਤਕ ਮਿਲਣੀ ਵਿੱਚ ਸ਼ਾਇਰ ਪਵਨ ਭੰਮੀਆਂ ਅਤੇ ਪਰਮਜੀਤ ਵੀ ਮੌਜੂਦ ਸਨ।

## ਖੇਡਾਂ ਵਤਨ ਪੰਜਾਬ ਦੀਆਂ-2026 ਤਹਿਤ ਪਟਿਆਲਾ ਵਿੱਚ ਜਿਮਨਾਸਟਿਕ, ਖੋ-ਖੋ ਤੇ ਕਬੱਡੀ ਦੇ ਮੁਕਾਬਲੇ ਜਾਰੀ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ, 21 ਅਕਤੂਬਰ :ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਜਿਲ੍ਹਾ ਪਟਿਆਲਾ ਵਿਖੇ ਰਾਜ ਪੱਧਰੀ ਖੇਡਾਂ ਕਰਵਾਈਆਂ ਜਾ ਰਹੀਆਂ ਹਨ। ਜਿਹਨਾਂ ਵਿੱਚ ਜਿਮਨਾਸਟਿਕ ਅਤੇ ਖੋ-ਖੋ ਗੇਮ ਪੋਲੋ ਗਰਾਊਂਡ ਪਟਿਆਲਾ ਵਿਖੇ ਕਰਵਾਈਆਂ ਜਾ ਰਹੀਆਂ ਹਨ। ਕਬੱਡੀ ਸਰਕਲ ਸਟਾਇਲ ਗੇਮ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਕਰਵਾਈ ਜਾ ਰਹੀ ਹੈ। ਇਹਨਾਂ ਖੇਡਾਂ ਵਿੱਚ ਵੱਖ-ਵੱਖ ਜਿਲ੍ਹਿਆਂ ਤੋਂ ਵੱਖ-ਵੱਖ ਉਮਰ ਵਰਗ ਵਿੱਚ ਖਿਡਾਰੀ ਭਾਗ ਲੈ ਰਹੇ ਹਨ।



ਇਹਨਾਂ ਖੇਡਾਂ ਬਾਰੇ ਜਾਣਕਾਰੀ ਦਿੰਦਿਆਂ ਜਿਲ੍ਹਾ ਖੇਡ ਅਫਸਰ ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਅੱਜ ਜਿਮਨਾਸਟਿਕ ਅਤੇ ਖੋ-ਖੋ ਵਿੱਚ ਵੱਖ-ਵੱਖ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਖਿਡਾਰੀਆਂ ਦੀ ਮੈਡਲ ਸੈਰਮਨੀ ਕੀਤੀ ਗਈ। ਇਸ ਮੈਡਲ ਸੈਰਮਨੀ ਵਿੱਚ ਜਿਮਨਾਸਟਿਕ ਦੇ ਖਿਡਾਰੀਆਂ ਦੀ ਹੌਂਸਲਾ ਅਫਜਾਈ ਕਰਨ ਲਈ ਸ੍ਰੀ ਵਿਕਾਸ ਸਭਰਵਾਲ ਏ.ਆਈ.ਜੀ. ਵਿਜੀਲੈਂਸ ਵਿਭਾਗ (ਮਹਾਰਾਜਾ ਰਣਜੀਤ ਸਿੰਘ ਐਵਾਰਡੀ ਜਿਮਨਾਸਟਿਕਸ) ਨੇ ਸ਼ਿਰਕਤ ਕੀਤੀ।

ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਕਬੱਡੀ ਸਰਕਲ ਸਟਾਇਲ ਦੇ ਟੂਰਨਾਮੈਂਟ ਵਿੱਚ ਸ੍ਰ. ਗੁਰਲਾਲ ਸਿੰਘ ਘਨੌਰ ਐਮ.ਐਲ.ਏ. ਘਨੌਰ ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ ਅਤੇ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਖਿਡਾਰੀਆਂ ਦੀ ਮੈਡਲ ਸੈਰਮਨੀ ਕੀਤੀ ਗਈ। ਅੰਡਰ-17 ਆਰਟਿਸਟਿਕ ਜਿਮਨਾਸਟਿਕ ਈਵੈਂਟ ਟੇਬਲ ਵੌਲਟ ਲੜਕੀਆਂ ਵਿੱਚ ਐਸ.ਏ.ਐਸ. ਨਗਰ ਦੀ ਆਸਥਾ ਨੇ ਪਹਿਲਾ ਸਥਾਨ, ਅੰਮ੍ਰਿਤਸਰ ਦੀ ਪ੍ਰਭਜੋਤ ਕੌਰ ਨੇ ਦੂਸਰਾ ਸਥਾਨ, ਅੰਮ੍ਰਿਤਸਰ ਦੀ ਜਾਗ੍ਰਿਤੀ ਨੇ ਤੀਸਰਾ ਅਤੇ ਗੁਰਦਾਸਪੁਰ ਦੀ ਮੁਸਕਾਨ ਨੇ ਤੀਸਰਾ ਸਥਾਨ ਹਾਸਲ ਕੀਤਾ। ਆਰਟਿਸਟਿਕ ਜਿਮਨਾਸਟਿਕ ਦੀ ਟੀਮ ਵਿੱਚ ਐਸ.ਏ.ਐਸ. ਨਗਰ ਨੇ ਪਹਿਲਾ ਸਥਾਨ, ਅੰਮ੍ਰਿਤਸਰ ਨੇ ਦੂਸਰਾ ਸਥਾਨ ਅਤੇ ਗੁਰਦਾਸਪੁਰ ਨੇ ਤੀਸਰਾ ਸਥਾਨ ਹਾਸਲ ਕੀਤਾ। ਅੰਡਰ-17 ਲੜਕਿਆਂ ਦੀ ਟੀਮ ਵਿੱਚ ਐਸ.ਏ.ਐਸ. ਨਗਰ ਨੇ ਪਹਿਲਾ ਸਥਾਨ, ਜਲੰਧਰ ਦੀ ਟੀਮ ਨੇ ਦੂਸਰਾ ਸਥਾਨ ਅਤੇ ਪਟਿਆਲਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਫਲੌਰ ਈਵੈਂਟ ਵਿੱਚ ਜਲੰਧਰ ਦੇ ਕ੍ਰਿਸ਼ਨਾ ਨੇ ਪਹਿਲਾ ਸਥਾਨ, ਗੁਰਦਾਸਪੁਰ ਦੇ ਅਨਮੋਲ ਬਠਨੋਤਰਾ ਨੇ ਦੂਸਰਾ ਸਥਾਨ, ਲੁਧਿਆਣਾ ਦੇ ਲਲਿਤ ਵਰਮਾ ਨੇ ਤੀਸਰਾ ਅਤੇ ਦਾਨੀਅਲ ਵਾਡਵਾ ਨੇ ਪਟਿਆਲੇ ਤੋਂ ਤੀਸਰਾ ਸਥਾਨ ਹਾਸਲ ਕਰਕੇ ਜਿੱਤ ਪ੍ਰਾਪਤ ਕੀਤੀ। ਰਿਧਮਿਕ ਜਿਮਨਾਸਟਿਕ ਉਮਰ ਵਰਗ ਅੰਡਰ-17 ਲੜਕੀਆਂ ਹੂਪ ਈਵੈਂਟ ਵਿੱਚ ਹਰਮਨਜੀਤ ਕੌਰ ਅੰਮ੍ਰਿਤਸਰ ਨੇ ਪਹਿਲਾ ਸਥਾਨ, ਸੀਰਤ ਆਨੰਦ ਐਸ.ਏ.ਐਸ. ਨਗਰ ਨੇ ਦੂਸਰਾ ਸਥਾਨ, ਚਰਨਪ੍ਰੀਤ ਕੌਰ ਅੰਮ੍ਰਿਤਸਰ ਨੇ ਤੀਸਰਾ ਅਤੇ ਸੰਜਨਾ ਲੁਧਿਆਣਾ ਨੇ ਤੀਸਰਾ ਸਥਾਨ ਹਾਸਲ ਕੀਤਾ।

ਕਬੱਡੀ ਸਰਕਲ ਸਟਾਇਲ ਗੇਮ ਅੰਡਰ-17 ਲੜਕੀਆਂ ਵਿੱਚ ਮੋਗਾ ਦੀ ਟੀਮ ਨੇ ਪਹਿਲਾ ਸਥਾਨ, ਪਟਿਆਲਾ ਦੀ ਟੀਮ ਨੇ ਦੂਸਰਾ ਸਥਾਨ, ਫਰੀਦਕੋਟ ਦੀ ਟੀਮ ਨੇ ਤੀਸਰਾ ਸਥਾਨ ਅਤੇ ਸੰਗਰੂਰ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਅੰਡਰ-14 ਲੜਕਿਆਂ ਵਿੱਚ ਮਾਨਸਾ ਦੀ ਟੀਮ ਨੇ ਪਹਿਲਾ ਸਥਾਨ, ਜਲੰਧਰ ਦੀ ਟੀਮ ਨੇ ਦੂਸਰਾ ਸਥਾਨ, ਸੰਗਰੂਰ ਦੀ ਟੀਮ ਨੇ ਤੀਸਰਾ ਸਥਾਨ ਅਤੇ ਮਲੇਰਕੋਟਲਾ ਦੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕਰਕੇ ਸ਼ਾਨਦਾਰ ਜਿੱਤ ਹਾਸਲ ਕੀਤੀ। ਅੰਡਰ-14 ਲੜਕੀਆਂ ਵਿੱਚ ਸੰਗਰੂਰ ਦੀ ਟੀਮ ਨੇ ਪਹਿਲਾ ਸਥਾਨ, ਫਰੀਦਕੋਟ ਦੀ ਟੀਮ ਨੇ ਦੂਸਰਾ ਸਥਾਨ, ਪਟਿਆਲਾ ਦੀ ਟੀਮ ਨੇ ਤੀਸਰਾ ਸਥਾਨ ਅਤੇ ਬਠਿੰਡਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ।

ਖੋ-ਖੋ ਉਮਰ ਵਰਗ ਅੰਡਰ-14 ਲੜਕਿਆਂ ਵਿੱਚ ਪਟਿਆਲਾ ਦੀ ਟੀਮ ਨੇ ਪਹਿਲਾ ਸਥਾਨ, ਸੰਗਰੂਰ ਦੀ ਟੀਮ ਨੇ ਦੂਸਰਾ ਸਥਾਨ ਅਤੇ ਜਲੰਧਰ ਤੇ ਲੁਧਿਆਣਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਅੰਡਰ-14 ਲੜਕੀਆਂ ਵਿੱਚ ਪਟਿਆਲਾ ਦੀ ਟੀਮ ਨੇ ਪਹਿਲਾ ਸਥਾਨ, ਸ੍ਰੀ ਮੁਕਤਸਰ ਸਾਹਿਬ ਦੀ ਟੀਮ ਨੇ ਦੂਸਰਾ ਸਥਾਨ ਅਤੇ ਸੰਗਰੂਰ ਤੇ ਮੋਗਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਅੰਡਰ-17 ਲੜਕਿਆਂ ਵਿੱਚ ਪਟਿਆਲਾ ਦੀ ਟੀਮ ਨੇ ਪਹਿਲਾ ਸਥਾਨ, ਸੰਗਰੂਰ ਦੀ ਟੀਮ ਨੇ ਦੂਸਰਾ ਸਥਾਨ, ਲੁਧਿਆਣਾ ਤੇ ਜਲੰਧਰ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਅੰਡਰ-17 ਲੜਕੀਆਂ ਵਿੱਚ ਪਟਿਆਲਾ ਦੀ ਟੀਮ ਨੇ ਪਹਿਲਾ ਸਥਾਨ, ਸੰਗਰੂਰ ਦੀ ਟੀਮ ਨੇ ਦੂਸਰਾ ਸਥਾਨ ਅਤੇ ਸ੍ਰੀ ਮੁਕਤਸਰ ਸਾਹਿਬ ਤੇ ਮੋਗਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕਰਕੇ ਸ਼ਾਨਦਰ ਜਿੱਤ ਹਾਸਲ ਕੀਤੀ।